# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-01-2025**

ਭਾਰਤੀ ਰੱਖਿਆ ਬਲਾਂ ਅਤੇ ਆਤਮ ਨਿਰਭਰ ਭਾਰਤ ਪਹਿਲਕਦਮੀ ਲਈ ਇੱਕ ਵੱਡੇ ਉਤਸ਼ਾਹ ਵੱਜੋਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮੁੰਬਈ ਦੇ ਨੇਵਲ ਡਾਕਯਾਰਡ ਵਿਖੇ ਸਮੁੰਦਰੀ ਫੌਜ ਦੇ ਮੋਹਰੀ ਜੰਗੀ ਜਹਾਜ਼ਾਂ INS ਸੂਰਤ, INS ਨੀਲਗਿਰੀ ਅਤੇ ਪਨਡੁੱਬੀ INS ਵਾਘਸ਼ੀਰ ਨੂੰ ਸਮੁੰਦਰੀ ਫੌਜ ਵਿਚ ਸ਼ਾਮਿਲ ਕੀਤਾ ਏ । ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ

**BYTE**

ਸਮੁੰਦਰੀ ਫੌਜ ਦੇ ਇਹਨਾਂ ਤਿੰਨ ਜਹਾਜ਼ਾਂ ਨੂੰ ਸ਼ਾਮਿਲ ਕੀਤਾ ਜਾਣਾ, ਰੱਖਿਆ ਨਿਰਮਾਣ ਅਤੇ ਸਮੁੰਦਰੀ ਸੁਰੱਖਿਆ ਵਿੱਚ ਇੱਕ ਆਲਮੀ ਆਗੂ ਬਣਨ ਦੇ ਭਾਰਤ ਦੀ ਸੋਚ ਨੂੰ ਸਾਕਾਰ ਰੂਪ ਦੇਣ ਵਿੱਚ ਇੱਕ ਅਹਿਮ ਪੁਲਾਂਘ ਪੁੱਟੇ ਜਾਣ ਦੀ ਨਿਸ਼ਾਨਦੇਹੀ ਕਰਦਾ ਏ । ਇਹ ਰੱਖਿਆ ਖੇਤਰ

ਵਿੱਚ ਇੱਕ ਆਲਮੀ ਆਗੂ ਬਣਨ ਦੀਆਂ ਕੋਸ਼ਿਸ਼ਾਂ ਨੂੰ ਵੀ ਮਜ਼ਬੂਤ ਕਰੇਗਾ ਅਤੇ ਸਵੈ-ਨਿਰਭਰਤਾ ਦੇ ਉਪਰਾਲਿਆਂ ਦੀ ਗਤੀ ਨੂੰ ਵੀ ਵਧਾਏਗਾ। P15B ਗਾਈਡਡ ਮਿਜ਼ਾਈਲ ਡਿਸਟ੍ਰਾਇਰ ਪ੍ਰੋਜੈਕਟ ਦਾ ਚੌਥਾ ਅਤੇ ਆਖਰੀ ਸਮੁੰਦਰੀ ਜਹਾਜ਼, INS ਸੂਰਤ, ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਆਧੁਨਿਕ ਵਿਨਾਸ਼ਕਾਰੀ ਜਹਾਜ਼ਾਂ ਵਿੱਚੋਂ ਇੱਕ ਏ. INS ਨੀਲਗਿਰੀ P17A ਸਟੀਲਥ ਫ੍ਰੀਗੇਟ ਪ੍ਰੋਜੈਕਟ ਦਾ ਪਹਿਲਾ ਜਹਾਜ਼ ਏ। INS ਵਾਘਸ਼ੀਰ, P-75 ਸਕਾਰਪੀਨ ਪ੍ਰੋਜੈਕਟ ਦੀ ਛੇਵੀਂ ਅਤੇ ਆਖਰੀ ਪਣਡੁੱਬੀ ਏ। ਇਹ ਦੁਨੀਆ ਦੀਆਂ ਸਭ ਤੋਂ ਸ਼ਾਂਤ ਅਤੇ ਬਹੁਪੱਖੀ ਡੀਜ਼ਲ-ਇਲੈਕਟ੍ਰਿਕ ਪਣਡੁੱਬੀਆਂ ਵਿੱਚੋਂ ਇੱਕ ਏ। ਆਧੁਨਿਕ ਹਵਾਬਾਜ਼ੀ ਸਹੂਲਤਾਂ ਨਾਲ ਲੈਸ, ਨੀਲਗਿਰੀ ਅਤੇ ਸੂਰਤ ਦਿਨ ਅਤੇ ਰਾਤ ਦੋਹਾਂ ਸਮਿਆਂ ‘ਤੇ ਸੰਚਾਲਨ ਦੌਰਾਨ, ਨਵੇਂ ਸ਼ਾਮਲ ਕੀਤੇ MH-60R ਅਤੇ ਚੇਤਕ, ALH, ਸੀ ਕਿੰਗ ਸਮੇਤ, ਕਈ ਹੈਲੀਕਾਪਟਰਾਂ ਦਾ ਸੰਚਾਲਨ ਕਰ ਸਕਦੇ ਨੇ  ਇਨ੍ਹਾਂ ਜਹਾਜ਼ਾਂ ਵਿੱਚ ਮਹਿਲਾ ਅਫਸਰਾਂ ਅਤੇ ਨਾਵਿਕਾਂ ਦੇ ਦਲ ਲਈ ਵਿਸ਼ੇਸ਼ ਰਿਹਾਇਸ਼ ਵੀ ਸ਼ਾਮਲ ਏ. ਇਹਨਾਂ ਨੂੰ ਪੂਰੀ ਤਰ੍ਹਾਂ

ਮਜ਼ਾਗਨ ਡੌਕ ਸ਼ਿਪ-ਬਿਲਡਰਜ਼ ਲਿਮਿਟੇਡ ਮੁੰਬਈ ਵਿਖੇ ਡਿਜ਼ਾਈਨ ਕੀਤਾ ਗਿਆ ਅਤੇ ਬਣਾਇਆ ਗਿਆ ਏ।

-------------------------------------------------------

ਅੱਜ 77ਵਾਂ ਸੈਨਾ ਦਿਵਸ , ਦੇਸ਼ ਭਰ ਵਿਚ ,ਮਾਣ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਰਾਸ਼ਟਰਪਤੀ,ਪ੍ਰਧਾਨ ਮੰਤਰੀ ਅਤੇ ਚੀਫ਼ ਆਫ਼ ਡਿਫੈਂਸ ਸਟਾਫ ਨੇ, ਇਸ ਮੌਕੇ ਸੈਨਾ ਦਿਵਸ 'ਤੇ ਫੌਜੀ ਜਵਾਨਾਂ ਅਤੇ ਸਾਬਕਾ ਸੈਨਿਕਾਂ ਨੂੰ ਵਧਾਈ ਦਿੱਤੀ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਦੇਸ਼ ਵਿੱਚ ਰਾਸ਼ਟਰੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ, ਸੈਨਾ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸੈਨਿਕ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸ਼ਾਂਤੀਪੂਰਨ ਮਾਹੌਲ ਸਿਰਜਣ ਵਿੱਚ ਯੋਗਦਾਨ ਪਾਉਂਦੇ ਨੇ। ਰਾਸ਼ਟਰਪਤੀ ਨੇ ਫੌਜ ਦੇ ਸਾਹਸ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਸ ਨੇ, ਦੇਸ਼ ਦੀ ਰੱਖਿਆ ਵਿੱਚ ਲਗਾਤਾਰ ਅਸਾਧਾਰਨ ਸਾਹਸ ਦਾ ਪ੍ਰਦਰਸ਼ਨ ਕੀਤਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੈਨਾ ਦਿਵਸ 'ਤੇ ਦੇਸ਼ ਦੇ ਹੌਂਸਲੇ ਵਾਲੇ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮੁਬਾਰਕਬਾਦ ਦਿੱਤੀ ਏ ।

ਸ਼੍ਰੀ ਮੋਦੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਸਰਕਾਰ ਨੂੰ ਵੱਖ-ਵੱਖ ਸੁਧਾਰਾਂ ਅਤੇ ਆਧੁਨਿਕੀਕਰਨ 'ਤੇ ਧਿਆਨ ਕੇਂਦਰਿਤ ਕਰਕੇ ਸਸ਼ਤਰ ਬਲਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਭਲਾਈ ਲਈ ਕਮਜ਼ੋਰ ਏ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੀ ਸੁਰੱਖਿਆ ਦੇ ਪੁਲਿਸ ਅਧਿਕਾਰੀ ਦੇ ਰੂਪ ਵਿੱਚ ਖੜੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਸੈਨਾ ਦ੍ਰਿੜ ਸੰਕਲਪ ਅਤੇ ਹੌਂਸਲੇ ਦਾ ਪ੍ਰਤੀਕ ਏ। ਚੀਫ਼ ਆਫ਼ ਡਿਫੈਂਸ ਸਟਾਫ-ਜਨਰਲ ਅਨਿਲ ਚੌਹਾਨ ਨੇ ਸੈਨਾ ਦਿਵਸ 'ਤੇ ਸੈਨਾ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਜਨਰਲ ਚੌਹਾਨ ਨੇ ਕਿਹਾ ਕਿ ਇਹ ਦਿਨ, ਭਾਰਤੀ ਫੌਜ ਦੇ ਅਟੁੱਟ ਸਮਰਪਣ ਅਤੇ ਸਾਹਸ ਦਾ ਪ੍ਰਤੀਕ ਏ। ਉਨ੍ਹਾਂ ਕਿਹਾ ਕਿ ਭਾਰਤੀ ਫੌਜ ਦੇਸ਼ ਦੀ ਸੁਰੱਖਿਆ ਅਤੇ ਏਕਤਾ ਦੀ ਬੁਨਿਆਦ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤੀ ਫੌਜ ਦੀ ਵਿਰਾਸਤ ਚੁਣੌਤੀਆਂ ਦਾ ਸਾਹਮਣਾ ਕਰਨ, ਦੇਸ਼ ਦੀ ਪ੍ਰਭੂਸੱਤਾ ਨੂੰ ਕਾਇਮ ਰੱਖਣ ਅਤੇ ਦੇਸ਼ ਦੀ ਨਿਰਸਵਾਰਥ ਸੇਵਾ ਕਰਨ ਦੀ ਸਮਰੱਥਾ 'ਤੇ ਆਧਾਰਿਤ ਏ।

-----------------------------------------------------------

ਇਸ ਗਣਤੰਤਰ ਦਿਵਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ

ਲੁਧਿਆਣਾ ਵਿਖੇ ਹੋਵੇਗਾ । ਜਿਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 26 ਜਨਵਰੀ ਨੂੰ ਕੌਮੀ ਝੰਡਾ ਲਹਿਰਾਉਣਗੇ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਫਰੀਦਕੋਟ ਵਿਖੇ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਵੱਲੋ ਰੂਪਨਗਰ ਵਿਖੇ ਕੌਮੀ ਝੰਡਾ ਲਹਿਰਾਇਆ ਜਾਵੇਗਾ ।  ਇਸੇ ਤਰਾਂ ਬਾਕੀ ਜ਼ਿਲਿਆਂ ਵਿਚ ਹੋਰਨਾਂ ਮੰਤਰੀਆਂ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ।

---------------------------------------------------------

ਪੰਜਾਬ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਨੂੰ ਤੁਰੰਤ ਤੇ ਨਿਰਵਿਘਨ ਇਲਾਜ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ, ਫ਼ਰਿਸ਼ਤੇ ਯੋਜਨਾ ਕੀਮਤੀ ਜਾਨਾਂ ਬਚਾਉਣ ਲਈ ਵਰਦਾਨ ਸਾਬਤ ਹੋ ਰਹੀ ਏ । ਇਸ ਦੀ ਸ਼ੁਰੂਆਤ ਤੋਂ ਲੈ ਕੇ, ਇਸ ਯੋਜਨਾ  ਤਹਿਤ ਲਗਭਗ 223 ਹਾਦਸਾ ਪੀੜਤਾਂ ਨੂੰ ਮੁਫ਼ਤ ਡਾਕਟਰੀ ਇਲਾਜ ਮੁਹੱਈਆ

ਕਰਵਾਇਆ ਗਿਆ ਏ, ਜੋ ਸੜਕ ਹਾਦਸਿਆਂ ਕਾਰਨ ਹੋਣ ਵਾਲੀ ਮੌਤ ਦੀ ਦਰ ਨੂੰ ਘਟਾਉਣ ਵਿੱਚ ਇਸ ਦੀ ਪ੍ਰਭਾਵਸ਼ੀਲਤਾ ਨੂੰ ਦਰਸਾਉਂਦਾ ਏ। ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਆਮ ਲੋਕਾਂ ਨੂੰ ਅੱਗੇ ਆਉਣ ਅਤੇ ਸੜਕ ਹਾਦਸਿਆਂ ਦੇ ਪੀੜਤਾਂ ਦੀ ਮਦਦ ਕਰਨ ਅਤੇ ਪੀੜਤਾਂ ਦੀ ਜਾਨ ਬਚਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਅਜਿਹੇ 'ਫ਼ਰਿਸ਼ਤਿਆਂ' ਨੂੰ ਪੰਜਾਬ ਸਰਕਾਰ ਵੱਲੋਂ 2000 ਰੁਪਏ ਦੇ ਨਕਦ ਇਨਾਮ, ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਏ ਅਤੇ ਕਾਨੂੰਨੀ ਪੇਚੀਦਗੀਆਂ ਤੇ ਪੁਲਿਸ ਪੁੱਛਗਿੱਛ ਤੋਂ ਰਾਹਤ ਦਿੱਤੀ ਜਾਂਦੀ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ, 66 'ਫ਼ਰਿਸ਼ਤੇ' ਰਜਿਸਟਰ ਕੀਤੇ ਗਏ ਨੇ। ਚੇਅਰਮੈਨ ਰਮਨ ਬਹਿਲ ਨੇ ਸੂਬਾ ਵਾਸੀਆਂ ਨੂੰ, ਸੜਕ ਹਾਦਸੇ ਦੇ ਪੀੜਤਾਂ ਦੀ ਮਦਦ ਕਰਕੇ 'ਫ਼ਰਿਸ਼ਤੇ' ਬਣਨ ਦੀ ਅਪੀਲ ਕੀਤੀ ਏ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਮੀਂਹ ਅਤੇ ਗਰਜ ਨਾਲ ਮੀਂਹ ਪੈਣ ਦੀ

ਭਵਿੱਖਬਾਣੀ ਕੀਤੀ ਏ। ਵਿਭਾਗ ਮੁਤਾਬਿਕ ਪੱਛਮੀ ਗੜਬੜੀ ਸਰਗਰਮ ਹੋ ਗਈ, ਜਿਸ ਕਾਰਨ 16 ਜਨਵਰੀ ਤੱਕ ਮੀਂਹ ਪੈਣ ਦੀ ਸੰਭਾਵਨਾ ਏ। ਸੂਬੇ ਵਿੱਚ 18 ਜਨਵਰੀ ਤੱਕ ਸੰਘਣੀ ਧੁੰਦ ਦਾ ਯਲੋ ਅਲਰਟ ਜਾਰੀ ਕੀਤਾ ਹੋਇਆ ਏ, 19 ਜਨਵਰੀ ਤੋਂ ਬਾਅਦ ਕੋਈ ਅਲਰਟ ਨਹੀਂ ਏ।